



ਰੋਜਾਨਾ ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : lokbani08@gmail.com

10 ਫਰਵਰੀ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)






R.N.I. /Punpun/29016/2008/ ● ਸਾਲ : 15 ● ਅੰਕ : 43 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111


## ਪਾਕਿਸਤਾਨ ’ਚ ਹਿੰਦੂ ਕੁੜੀਆਂ ਨਾਲ ਹੋਇਆ ਧੱਕਾ



**ਇਸਲਾਮਾਬਾਦ/ਲੋਕ ਬਾਣੀ**

ਪਾਕਿਸਤਾਨ ਦੇ ਸਿੰਧ ਪ੍ਰਾਂਤ ‘ਚ ਇੱਕ ਹਿੰਦੂ ਕੁੜੀ ‘ਤੇ ਤੇਜ਼ਾਬ ਸੁੱਟਣ ਦੀ ਘਟਨਾ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਇੱਕ ਹਿੰਦੂ ਕੁੜੀ ਦੇ ਮੂੰਹ ਉਪਰ ਤੇਜ਼ਾਬ ਪਾ ਕੇ ਸਾੜ ਦਿੱਤਾ ਗਿਆ, ਜਦਕਿ ਦੂਜੀ ਕੁੜੀ ਨੂੰ ਅਗਵਾ ਕਰ ਲਿਆ ਗਿਆ ਹੈ। ਤੇਜ਼ਾਬ ਦੇ ਹਮਲੇ ਦਾ ਸ਼ਿਕਾਰ ਹੋਈ ਸੁਨੀਤਾ ਮੁਨੱਵਰ ਸਿੰਧ ਪ੍ਰਾਂਤ ਦੀ ਰਹਿਣ ਵਾਲੀ ਹੈ, ਜਿਸਦੇ ਮੂੰਹ ਉਪਰ ਤੇਜ਼ਾਬ ਸੁੱਟ ਕੇ ਸਾੜਿਆ ਗਿਆ ਹੈ। ਹਮਲੇ ਵਿੱਚ ਉਹ ਬੁਰੀ ਤਰਾਂ ਝੁਲਸ ਗਈ ਹੈ ਅਤੇ ਖੱਬੀ ਅੱਖ ਦੀ ਨਜ਼ਰ ਗੁਆ ਦਿੱਤੀ ਹੈ। ਚਿਹਰੇ ਅਤੇ ਦੋਵੇਂ ਹੱਥ ਵੀ ਬੁਰੀ ਤਰਾਂ ਸੜ ਗਏ ਹਨ। ਮਾਮਲੇ ਵਿੱਚ ਕਰਾਚੀ ਦੇ ਏਰੀਏਆ ਮੈਜਿਸਟ੍ਰੇਟ ਫਾ ?ਰ ਖਾਨ ਨੇ ਸੁਨੀਤਾ ਦੇ ਬਿਆਨ ਦਰਜ ਕਰ ਲਏ ਹਨ। ਦੱਸ ਦੇਈਏ ਕਿ ਪਾਕਿਸਤਾਨ ਵਿੱਚ ਹਿੰਦੂ ਅਤੇ ਸਿੱਖ ਭਾਈਚਾਰੇ ਦੀਆਂ ਲੜਕੀਆਂ ਨੂੰ ਅਗਵਾ ਕਰਨਾ ਇੱਕ ਆਮ ਘਟਨਾ ਬਣ ਗਈ ਹੈ। ਪਿਛਲੇ ਸਾਲ ਅਕਤੂਬਰ ਵਿੱਚ ਵੀ ਸਿੰਧ ਸੂਬੇ ਤੋਂ ਇੱਕ ਹਿੰਦੂ ਕੁੜੀਆਂ ਦੇ ਜਬਰਨ ਧਰਮ ਪਰਿਵਰਤਨ ਦਾ ਮਾਮਲਾ ਸਾਹਮਣੇ ਆਇਆ ਸੀ। ਜਦੋਂ 15 ਦਿਨਾਂ ਵਿੱਚ 4 ਹਿੰਦੂ ਕੁੜੀਆਂ ਨੂੰ ਅਗਵਾ ਕਰ ਲਿਆ ਗਿਆ ਸੀ।

## ਕਲਯੁਗੀ ਦਾਦੇ ਨੇ ਪੋਤੀ ਨਾਲ ਕੀਤਾ ਜਬਰ ਜਨਾਹ, ਮਾਮਲਾ ਦਰਜ



**ਗਾਜ਼ੀਆਬਾਦ/ਲੋਕ ਬਾਣੀ**

ਉੱਤਰ ਪ੍ਰਦੇਸ਼ ਦੇ ਗਾਜ਼ੀਆਬਾਦ ‘ਚ ਰਿਸ਼ਤਿਆਂ ਨੂੰ ਸ਼ਰਮਸਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਇੱਕ ਵਿਅਕਤੀ ਨੇ ਪੁਲਿਸ ਨੂੰ ਲਿਖਤੀ ਸ਼ਿਕਾਇਤ ਦਿੱਤੀ ਕਿ ਉਸਦੀ ਡੇਢ ਸਾਲ ਦੀ ਬੱਚੀ ਨਾਲ ਬਲਾਤਕਾਰ ਹੋਇਆ ਹੈ। ਇਹ ਅੱਤਿਆਚਾਰ ਕਿਸੇ ਹੋਰ ਨੇ ਨਹੀਂ ਸਗੋਂ ਪੀੜਤਾ ਦੇ ਆਪਣੇ ਦਾਦੇ ਨੇ ਕੀਤਾ ਸੀ। ਘਟਨਾ ਲੋਨੀ ਥਾਣਾ ਸਰਹੱਦੀ ਖੇਤਰ ਦੇ ਨਵਾਂ ਪੂਰਾ ਇਲਾਕੇ ਦੀ ਹੈ।

## ਜਲੰਧਰ ਵਾਹਨ ਫਿਟਨੈੱਸ ਸਰਟੀਫਿਕੇਟ ਘੁਟਾਲੇ ਮਾਮਲੇ ’ਚ ਇੱਕ ਹੋਰ ਕਾਬੂ

**ਜਲੰਧਰ/ਹਰਬੰਸ ਬਿੱਟੂ**

ਪੰਜਾਬ ਵਿਜੀਲੈਂਸ ਬਿਊਰੋ ਨੇ ਵਾਹਨ ਫਿਟਨੈਸ ਸਰਟੀਫਿਕੇਟ ਘੁਟਾਲੇ ਵਿੱਚ ਜਲੰਧਰ ਵਿਖੇ ਤਾਇਨਾਤ ਮੋਟਰ ਵਹੀਕਲ ਇੰਸਪੈਕਟਰ (ਐਮ.ਵੀ.ਆਈ.) ਨਰੇਸ਼ ਕਲੇਰ ਨਾਲ ਮਿਲੀਭੁਗਤ ਕਰਨ ਵਾਲੇ ਇੱਕ ਹੋਰ ਭਗੌੜੇ ਏਜੰਟ ਗੌਰਵ ਅਰੋੜਾ ਵਾਸੀ ਸੈਂਟਰਲ ਟਾਊਨ, ਜਲੰਧਰ ਨੂੰ ਗ੍ਰਿਫ਼ਤਾਰ ਕੀਤਾ ਹੈ। ਵਿਜੀਲੈਂਸ ਬਿਊਰੋ ਨੇ ਉਸ ਦਾ ਮੋਬਾਈਲ ਫ਼ੋਨ ਅਤੇ ਸਿਮ ਕਾਰਡ ਜ਼ਬਤ ਕਰ ਲਿਆ ਹੈ ਜੋ ਇਸ ਘਪਲੇ ਬਾਰੇ ਹੋਰ ਜਾਣਕਾਰੀ ਇਕੱਠੀ ਕਰਨ ਲਈ ਡਾਟਾ ਮਾਹਿਰਾਂ ਨੂੰ ਭੇਜਿਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਨੇ ਐਮ.ਵੀ.ਆਈ., ਜਲੰਧਰ ਦੇ ਦਫ਼ਤਰ ਵਿਖੇ ਪਿਛਲੇ ਸਾਲ ਅਗਸਤ ਮਹੀਨੇ ਅਚਨਚੇਤ ਚੈਕਿੰਗ ਕੀਤੀ। ਜਿਸ ਦੌਰਾਨ ਪ੍ਰਾਈਵੇਟ ਏਜੰਟਾਂ ਨਾਲ ਵੱਡੇ ਪੱਧਰ ‘ਤੇ ਮਿਲੀਭੁਗਤ ਕਰਕੇ ਵਪਾਰਕ ਅਤੇ ਨਿੱਜੀ ਵਾਹਨਾਂ ਦੀ ਜਾਂਚ ਕੀਤੇ ਬਿਨਾਂ ਫਿਟਨੈਸ ਸਰਟੀਫਿਕੇਟ ਜਾਰੀ ਕਰਨ ਲਈ ਕੀਤੇ ਜਾ ਰਹੇ ਸੰਗਠਿਤ ਭ੍ਰਿਸ਼ਟਾਚਾਰ ਦਾ ਪਰਦਾਫਾਸ਼ ਕੀਤਾ ਸੀ। ਬੁਲਾਰੇ ਨੇ ਅੱਗੇ ਦੱਸਿਆ ਕਿ ਪੁਖਤਾ ਸਬੂਤਾਂ ਦੇ ਆਧਾਰ ‘ਤੇ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਵਿਖੇ ਮੁਕੱਦਮਾ ਨੰਬਰ 14 ਮਿਤੀ 23-08-2022 ਨੂੰ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 7ਏ ਅਤੇ ਆਈਪੀਸੀ ਦੀ ਧਾਰਾ 420, 120-ਬੀ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ।


## ਵੱਡੀ ਮਾਤਰਾ ’ਚ ਨਬਾਲਗ ਕੋਲੋਂ ਬਰਾਮਦ ਹੋਇਆ ਕੈਸ਼ ਤੇ ਕਰੋੜਾਂ ਦੀ ਹੈਰੋਇਨ



**ਅੰਮ੍ਰਿਤਸਰ/ਰਵੀ ਸਹਿਗਲ**

ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਦੌਰਾਨ ਸਰਹੱਦ ਪਾਰ ਤਸਕਰੀ ਦੇ ਨੈੱਟਵਰਕਾਂ ਵਿਰੁੱਧ ਇਕ ਹੋਰ ਵੱਡੀ ਸਫਲਤਾ ਹਾਸਲ ਕਰਦੇ ਹੋਏ, ਪੰਜਾਬ ਪੁਲਿਸ ਨੇ 15 ਕਿਲੋਗ੍ਰਾਮ ਹੈਰੋਇਨ ਦੇ 15 ਪੈਕੇਟ ਅਤੇ 8.40 ਲੱਖ ਰੁਪਏ ਬਰਾਮਦ ਕਰਕੇ ਇੱਕ ਨਾਬਾਲਗ ਨੂੰ ਗ੍ਰਿਫਤਾਰ ਕੀਤਾ ਹੈ। ਪੁਲਿਸ ਦੇ ਡਾਇਰੈਕਟਰ ਜਨਰਲ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਉਸ ਦੇ ਕਬਜ਼ੇ ਵਿਚੋਂ ਡਰੱਗ ਮਨੀ ਬਰਾਮਦ ਹੋਈ ਹੈ।

## ਪੰਜਾਬ ਦੇ ਇੱਕ ਹੋਰ ਕਿਸਾਨ ਨੇ ਕੀਤੀ ਆਤਮਹੱਤਿਆ



**ਸੁਨਾਮ ਊਧਮ ਸਿੰਘ ਵਾਲਾ/ਚੀਮਾ ਮੰਡੀ/ਲੋਕ ਬਾਣੀ**

ਬੀਤੀ ਰਾਤ ਹਲਕਾ ਸੁਨਾਮ ਦੇ ਪਿੰਡ ਤੋਲਾ ਵਾਲ ਦੇ ਕਰਜ਼ੇ ਦੇ ਸਤਾਏ ਇਕ ਕਿਸਾਨ ਵਲੋਂ ਗਲ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲੈਣ ਦੀ ਖ਼ਬਰ ਹੈ।ਪੁਲਿਸ ਥਾਣਾ ਚੀਮਾ ਦੇ ਸਹਾਇਕ ਥਾਣੇਦਾਰ ਰਜਿੰਦਰ ਸਿੰਘ ਨੇ ਦੱਸਿਆ ਕਿ ਗੁਰਮੀਤ ਸਿੰਘ (64) ਪੁੱਤਰ ਮੱਘਰ ਸਿੰਘ ਵਾਸੀ ਪਿੰਡ ਤੋਲਾ ਵਾਲ ਇਕ ਛੋਟਾ ਕਿਸਾਨ ਸੀ।ਜਿਸ ਦੇ ਸਿਰ‘ਤੇ ਸਰਕਾਰੀ ਅਤੇ ਗੈਰ ਸਰਕਾਰੀ ਕਰੀਬ 8 ਲੱਖ ਰੁਪਏ ਕਰਜ਼ੇ ਦੀ ਪੰਡ ਸੀ ਅਤੇ ਜਿਸ ਨੂੰ ਉਹ ਹੁਣ ਲਾਹੁਣ ਤੋਂ ਅਸਮਰਥ ਸੀ।ਜਿਸ ਕਾਰਨ ਉਹ ਪ੍ਰੇਸ਼ਾਨ ਰਹਿੰਦਾ ਸੀ।ਜਿਸ ਨੂੰ ਲੈ ਕੇ ਉਸ ਨੇ ਬੀਤੀ ਰਾਤ ਆਪਣੇ ਘਰ ਦੇ ਨੇੜੇ ਹੀ ਖੇਤ‘ਚ ਇਕ ਦਰਖ਼ਤ ਨਾਲ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ।

## ਰਾਮ ਰਹੀਮ ਮਾਮਲੇ ’ਚ ਹਰਿਆਣਾ ਸਰਕਾਰ ਨੂੰ ਕੋਰਟ ਵੱਲੋਂ ਨੋਟਿਸ



**ਚੰਡੀਗੜ੍ਹ/ਵਿਨੋਦ ਸ਼ਰਮਾ**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਦੀ ਪੈਰੋਲ ਨੂੰ ਚੁਣੌਤੀ ਦੇਣ ਵਾਲੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਦੀ ਪਟੀਸ਼ਨ ‘ਤੇ ਹਰਿਆਣਾ ਅਤੇ ਕੇਂਦਰ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ।

## ਜਾਪ ਕਰਦੇ ਹੋਏ ਕੱਢਿਆ ਗਿਆ ਕੌਮੀ ਇਨਸਾਫ ਮੋਰਚੇ ਵੱਲੋਂ ਮਾਰਚ



**ਚੰਡੀਗੜ੍ਹ/ਵਿਨੋਦ ਸ਼ਰਮਾ**

ਚੰਡੀਗੜ੍ਹ-ਮੋਹਾਲੀ ਬਾਰਡਰ ‘ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਧਰਨਾ ਲਾ ਕੇ ਬੈਠੇ ‘ਕੌਮੀ ਇਨਸਾਫ਼ ਮੋਰਚਾਂ’ ਵੱਲੋਂ ਅੱਜ ਵੀ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਬੀਤੇ ਦਿਨ ਪੁਲਸ ਨਾਲ ਹੋਈ ਝੜਪ ਤੋਂ ਬਾਅਦ ਅੱਜ ਫਿਰ ਸਿੰਘਾਂ ਵੱਲੋਂ ਮਾਰਚ ਕੱਢਿਆ ਜਾ ਰਿਹਾ ਹੈ। ਅੱਜ ਬਿਨਾਂ ਸ਼ਸਤਰਾਂ ਤੋਂ ਸਿਰਫ 31 ਸਿੰਘਾਂ ਤੇ ਬੀਬੀਆਂ ਦਾ ਜੱਥਾ ਮਾਰਚ ਕਰ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਬੀਤੇ ਦਿਨ ਚੰਡੀਗੜ੍ਹ ਵੱਲ ਕੂਚ ਕਰਦੇ ਸਮੇਂ ਪ੍ਰਦਰਸ਼ਨਕਾਰੀਆਂ ਦੀ ਪੁਲਸ ਨੇ ਹਿੰਸਕ ਝੜਪ ਹੋ ਗਈ ਸੀ, ਜਿਸ ਤੋਂ ਬਾਅਦ ਕਈ ਪੁਲਸ ਮੁਲਾਜ਼ਮ ਜ਼ਖਮੀ ਹੋ ਗਏ ਸਨ। ਇਸ ਤੋਂ ਬਾਅਦ ਚੰਡੀਗੜ੍ਹ ਅਤੇ ਮੋਹਾਲੀ ਪੁਲਸ ਵੱਲੋਂ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ।

## ਬਿਜਲੀ ਵਿਭਾਗ ਦਾ ਵੱਡਾ ਅਧਿਕਾਰੀ 15 ਲੱਖ ਦੀ ਰਿਸ਼ਵਤ ਮਾਮਲੇ ਵਿੱਚ ਕਾਬੂ



**ਜਲੰਧਰ/ਰਾਕੇਸ਼ ਵਰਮਾ**

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦੌਰਾਨ ਅੱਜ ਜਲੰਧਰ ਵਿਖੇ ਤਾਇਨਾਤ ਪੀ.ਐਸ.ਪੀ.ਸੀ.ਐਲ. ਦੇ ਵਧੀਕ ਸੁਪਰਡੈਂਟ ਇੰਜਨੀਅਰ (ਏ.ਐਸ.ਈ.) ਸੁਖਵਿੰਦਰ ਸਿੰਘ ਮੁਲਤਾਨੀ ਨੂੰ 15 ਲੱਖ ਰੁਪਏ ਰਿਸ਼ਵਤ ਲੈਣ ਅਤੇ ਹੋਰ 20 ਲੱਖ ਰੁਪਏ ਦੀ ਮੰਗ ਕਰਨ ਦੇ ਦੋਸ਼ ਹੇਠ ਕਾਬੂ ਕੀਤਾ ਹੈ। ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਉਕਤ ਅਧਿਕਾਰੀ, ਜੋ ਪਹਿਲਾਂ ਕਾਰਜਕਾਰੀ ਇੰਜੀਨੀਅਰ (ਐਕਸੀਅਨ) ਟੈਕਨੀਕਲ ਆਡਿਟ, ਪੀ.ਐਸ. ਪੀ.ਸੀ.ਐਲ. ਜਲੰਧਰ ਵਿਖੇ ਤਾਇਨਾਤ ਸੀ, ਵਿਰੁੱਧ ਪੀ.ਐਸ.ਪੀ.ਸੀ.ਐਲ. ਵੇਰਕਾ, ਅੰਮ੍ਰਿਤਸਰ ਦੇ ਸਟੋਰ ਕੀਪਰ ਸ਼ਰਨਜੀਤ ਸਿੰਘ ਦੀ ਸ਼ਿਕਾਇਤ ‘ਤੇ ਦਰਜ ਕੀਤਾ ਗਿਆ ਹੈ।


ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 99155-94111